ਬਿਲਾਵਲੁ ਮਹਲਾ ੫ ॥
bilaaval mehalaa 5 |
Bilaaval, Fifth Mehl:

ਦੋਵੈ ਥਾਵ ਰਖੇ ਗੁਰ ਸੂਰੇ ॥
dhovai thaav rakhae gur soorae |
Both here and hereafter, the Mighty Guru protects me.
ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਜਪਦਾ ਹੈ) ਸੂਰਮਾ ਗੁਰੂ (ਉਸ ਦਾ ਇਹ ਲੋਕ ਅਤੇ ਪਰਲੋਕ) ਦੋਵੇਂ ਹੀ (ਵਿਗੜਨ ਤੋਂ) ਬਚਾ ਲੈਂਦਾ ਹੈ ।

ਹਲਤ ਪਲਤ ਪਾਰਬ੍ਰਹਮਿ ਸਵਾਰੇ ਕਾਰਜ ਹੋਏ ਸਗਲੇ ਪੂਰੇ ॥੧॥ ਰਹਾਉ ॥
halath palath paarabreham savaarae kaaraj hoeae sagalae poorae |1| rehaao |
God has embellished this world and the next for me, and all my affairs are perfectly resolved. ||1||Pause||
ਪਰਮਾਤਮਾ ਨੇ (ਸਦਾ ਹੀ ਅਜੇਹੇ ਮਨੁੱਖ ਦੇ) ਇਹ ਲੋਕ ਅਤੇ ਪਰਲੋਕ ਸੋਹਣੇ ਬਣਾ ਦਿੱਤੇ, ਉਸ ਮਨੁੱਖ ਦੇ ਸਾਰੇ ਹੀ ਕੰਮ ਸਫਲ ਹੋ ਜਾਂਦੇ ਹਨ ।੧।ਰਹਾਉ।

ਹਰਿ ਹਰਿ ਨਾਮੁ ਜਪਤ ਸੁਖ ਸਹਜੇ ਮਜਨੁ ਹੋਵਤ ਸਾਧੂ ਧੂਰੇ ॥
har har naam japath sukh sehajae majan hovath saadhoo dhoorae |
Chanting the Name of the Lord, Har, Har, I have found peace and poise, bathing in the dust of the feet of the Holy.
(ਹੇ ਭਾਈ! ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਨਾਮ ਜਪਦਿਆਂ ਆਨੰਦ ਪ੍ਰਾਪਤ ਹੁੰਦਾ ਹੈ, ਆਤਮਕ ਅਡੋਲਤਾ ਵਿਚ ਟਿਕੇ ਰਹੀਦਾ ਹੈ, ਗੁਰੂ ਦੇ ਚਰਨਾਂ ਦੀ ਧੂੜ ਵਿਚ ਇਸ਼ਨਾਨ ਪ੍ਰਾਪਤ ਹੁੰਦਾ ਹੈ,

ਆਵਣ ਜਾਣ ਰਹੇ ਥਿਤਿ ਪਾਈ ਜਨਮ ਮਰਣ ਕੇ ਮਿਟੇ ਬਿਸੂਰੇ ॥੧॥
aavan jaan rehae thith paaee janam maran kae mittae bisoorae |1|
Comings and goings have ceased, and I have found stability; the pains of birth and death are eradicated. ||1||
ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ, (ਪ੍ਰਭੂ-ਚਰਨਾਂ ਵਿਚ) ਟਿਕਾਉ ਪ੍ਰਾਪਤ ਹੁੰਦਾ ਹੈ, ਜਨਮ ਤੋਂ ਮਰਨ ਤਕ ਦੇ ਸਾਰੇ ਚਿੰਤਾ-ਝੋਰੇ ਮਿਟ ਜਾਂਦੇ ਹਨ ।੧।

ਭ੍ਰਮ ਭੈ ਤਰੇ ਛੁਟੇ ਭੈ ਜਮ ਕੇ ਘਟਿ ਘਟਿ ਏਕੁ ਰਹਿਆ ਭਰਪੂਰੇ ॥
bhram bhai tharae shuttae bhai jam kae ghatt ghatt eaek rehiaa bharapoorae |
I cross over the ocean of doubt and fear, and the fear of death is gone; the One Lord is permeating and pervading in each and every heart.
(ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਜਪਦਾ ਹੈ, ਉਹ ਸੰਸਾਰ-ਸਮੁੰਦਰ ਦੇ ਸਾਰੇ) ਡਰਾਂ ਭਰਮਾਂ ਤੋਂ ਪਾਰ ਲੰਘ ਜਾਂਦਾ ਹੈ, ਜਮਦੂਤਾਂ ਬਾਰੇ ਭੀ ਉਸ ਦੇ ਸਾਰੇ ਡਰ ਮੁੱਕ ਜਾਂਦੇ ਹਨ,

ਨਾਨਕ ਸਰਣਿ ਪਰਿਓ ਦੁਖ ਭੰਜਨ ਅੰਤਰਿ ਬਾਹਰਿ ਪੇਖਿ ਹਜੂਰੇ ॥੨॥੨੨॥੧੦੮॥
naanak saran pariou dhukh bhanjan anthar baahar paekh hajoorae |2|22|108|
Nanak has entered the Sanctuary of the Destroyer of pain; I behold His Presence deep within, and

all around as well. ||2||22||108||

ਹੇ ਨਾਨਕ! ਉਹ ਮਨੁੱਖ ਸਾਰੇ ਦੁਖਾਂ ਦੇ ਨਾਸ ਕਰਨ ਵਾਲੇ ਪ੍ਰਭੂ ਦੀ ਸਰਨ ਪਿਆ ਰਹਿੰਦਾ ਹੈ, ਅਤੇ ਅੰਦਰ ਬਾਹਰ ਹਰ ਥਾਂ ਪ੍ਰਭੂ ਨੂੰ ਆਪਣੇ ਅੰਗ-ਸੰਗ ਵੱਸਦਾ ਵੇਖਦਾ ਹੈ ।੨।੨੨।੧੦੮।